ਸਾਹਿਤਕ ਕਵੀ, ਕਹਾਣੀਕਾਰ, ਲੇਖਕ ਅਤੇ ਗੀਤ ਸੰਗੀਤ ਵਿੱਚ ਰੁਚੀ ਰੱਖਣ ਵਾਲਿਆਂ ਲਈ ਫੋਟੋ ਅਤੇ ਆਪਣੀ ਨਿੱਜੀ ਰਚਨਾ ਭੇਜਣ ਲਈ
Whatsapp No
416 700 9100
vishavpunjabisanjh@gmail.com

ਮਿਤੀ 01 ਜਨਵਰੀ ਬੁੱਧਵਾਰ 2025

ਰੋਜ਼ਾਨਾ
# ਵਿਸ਼ਵ ਪੰਜਾਬੀ ਸਾਂਝ

ਮੁੱਖ ਦਫ਼ਤਰ : ਵਿਸ਼ਵ ਪੰਜਾਬੀ ਭਵਨ, 114 ਕੈਨੇਡੀ ਰੋਡ ਬਰੈਂਪਟਨ, ਓਟਾਂਰੀਓ





ਮੁੱਖ ਸੰਪਾਦਕ
ਡਾ.ਦਲਬੀਰ ਸਿੰਘ ਕਥੂਰੀਆ



Dalbir Singh Kathuria, CEO
BRAMPTON CASH & CARRY
905-230-4800
416-700-9100
BramptonCashandCarry2023@gmail.com
100 KENNEDY ROAD S., BRAMPTON ON L6W 3E7, CANADA

Village of India
905.450.3333
villageofindia.ca
114 KENNEDY ROAD SOUTH BRAMPTON, ON, L6W 3E7
BUFFET | DINE IN | TAKE OUT | CATERING | LUNCH & DINNER | SWEETS


# ਨਵੇਂ ਸਾਲ ਮੌਕੇ ਵੱਡੀ ਸੰਖਿਆ ਵਿੱਚ ਸੰਗਤ ਓਨਟਾਰੀਓ ਖ਼ਾਲਸਾ ਦਰਬਾਰ ਸਾਹਿਬ ਵਿਖੇ ਹੋਈ ਨਤਮਸਤਕ

ਬਰੈਂਪਟਨ,1 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)- ਨਵੇਂ ਸਾਲ 2025 ਦੇ ਪਹਿਲੇ ਦਿਨ ਵੱਡੀ ਗਿਣਤੀ ਵਿੱਚ ਸੰਗਤ ਨੇ ਓਨਟਾਰੀਓ ਖ਼ਾਲਸਾ ਦਰਬਾਰ ਵਿਖੇ ਸਜਾਏ ਗਏ ਦੀਵਾਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸੰਗਤ ਨੇ ਨਤਮਸਤਕ ਹੋ ਕੇ ਨਵੇਂ ਸਾਲ ਦਾ ਆਗਾਜ਼ ਕੀਤਾ। ਸੰਗਤ ਨੇ ਲੰਬੀਆਂ ਕਤਾਰਾਂ ਵਿੱਚ ਨਤਮਸਤਕ ਹੋ ਕੇ ਜਿੱਥੇ ਗੁਰੂ ਦਾ ਆਸ਼ਿਰਵਾਦ ਲਿਆ, ਉਥੇ ਹੀ ਨਵੇਂ ਸਾਲ ਵਿੱਚ ਆਪਣੇ ਪਰਿਵਾਰ ਦੀ ਚੜ੍ਹਦੀ ਕਲਾ ਲਈ ਨਹੀਂ ਅਰਦਾਸ ਕੀਤੀ। ਜ਼ਿਕਰਯੋਗ ਹੈ ਕਿ ਓਨਟਾਰੀਓ ਖ਼ਾਲਸਾ ਦਰਬਾਰ ਵਿਖੇ ਨਵਾਂ ਸਾਲ ਚੜ੍ਹਨ ਤੋਂ ਪਹਿਲਾਂ ਹੀ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ। ਸੰਗਤ ਨੇ ਵਾਹਿਗੁਰੂ ਦਾ ਸ਼ੁਕਰਾਨਾਂ ਕੀਤਾ ਤੇ ਨਵੇਂ ਸਾਲ ਵਿੱਚ ਅਮਨ ਸ਼ਾਂਤੀ ਦੀ ਅਰਦਾਸ ਵੀ ਕੀਤੀ ਗਈ।

ਇਸ ਦੌਰਾਨ ਗੁਰੂ ਦਾ ਅਟੁੱਟ ਲੰਗਰ ਵਰਤਾਇਆ ਗਿਆ। ਸੰਗਤ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਪਾਰਕਿੰਗ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਸੀ। ਓਨਟਾਰੀਓ ਖ਼ਾਲਸਾ ਦਰਬਾਰ ਵੱਲੋਂ ਨਵੇਂ ਸਾਲ ਦਾ ਕੈਲੰਡਰ ਵੀ ਸੰਗਤ ਵਿੱਚ ਵੰਡਿਆ ਗਿਆ। ਇਸ ਦੌਰਾਨ ਖਾਲਸਾ ਦਰਬਾਰ ਓਨਟਾਰੀਓ ਦੇ ਗੁਰਦੁਆਰਾ ਸਾਹਿਬ ਦੀ ਸਮੁੱਚੀ ਟੀਮ ਵੱਲੋਂ ਸੰਗਤ ਨੂੰ ਨਵੇਂ ਸਾਲ ਦੀ ਵਧਾਈ ਦਿੱਤੀ।


















# ਬਰੈਂਪਟਨ ਵਿਖੇ ਸੁੰਦਰ ਦਸਤਾਰ ਤੇ ਦੁਮਾਲਾ ਸਜਾਉਣ ਦੇ ਮੁਕਾਬਲੇ 5 ਜਨਵਰੀ ਨੂੰ

ਬਰੈਂਪਟਨ 1 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ) : ਕੋਚ ਨਾਜ਼ਰ ਸਿੰਘ ਸੰਧੂ ਅਤੇ ਸਿੱਖ ਮੋਟਰਸਾਈਕਲ ਕਲੱਬ ਆਫ਼ ਓਨਟਾਰੀਓ ਵੱਲੋਂ ਦਸ਼ਮ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਦੇ ਅਵਸਰ ਤੇ 5 ਜਨਵਰੀ ਨੂੰ ਸੁੰਦਰ ਦਸਤਾਰ ਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਇਹਨਾਂ ਮੁਕਾਬਲਿਆਂ ਵਿੱਚ ਸਭ ਤੋਂ ਸੋਹਣੀ ਦਸਤਾਰ ਤੇ ਦੁਮਾਲਾ ਸਜਾਉਣ ਵਾਲੇ ਨੂੰ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਸੈਂਟਰ ਬਰੈਂਪਟਨ ਵਿਖੇ ਦੁਪਹਿਰ 2 ਵਜੇ ਤੋਂ ਲੈ ਕੇ ਸ਼ਾਮ ਦੇ 5 ਵਜੇ ਤੱਕ ਹੋਣਗੇ। ਇਹਨਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਇਛੁੱਕ ਪ੍ਰਤਿਭਾਗੀ 647-981-1000ਜਾਂ 416-613-7500 ਤੇ ਆਪਣੀ ਰਜਿਸਟਰੇਸ਼ਨ ਕਰਵਾ ਸਕਦੇ ਹਨ। ਜ਼ਿਕਰਯੋਗ ਹੈ ਕੋਚ ਨਾਜ਼ਰ ਸੰਧੂ ਪਿਛਲੇ ਕਰੀਬ 10 ਸਾਲਾਂ ਤੋਂ ਵਿਦੇਸ਼ ਦੀ ਧਰਤੀ ਬਰੈਂਪਟਨ ਵਿਖੇ ਦਸਤਾਰ ਸਜਾਉਣ ਦੀ ਮੁਫ਼ਤ ਟਰੇਨਿੰਗ ਦੇ ਰਹੇ ਹਨ। ਉਹਨਾਂ ਵੱਲੋਂ ਨੌਜਵਾਨਾਂ ਨੂੰ ਦਸਤਾਰ ਸਜਾਉਣ ਵਾਸਤੇ ਪ੍ਰੇਰਿਤ ਕਰਨ ਲਈ ਫਰੀ ਕੈਂਪ ਵੀ ਲਗਾਏ ਜਾ ਰਹੇ ਹਨ।













# OpenAI ਭਾਰਤੀ-ਅਮਰੀਕੀ ਤਕਨੀਸ਼ੀਅਨ ਸੁਚਿਰ ਬਾਲਾਜੀ ਨੇ ਖੁਦਕੁਸ਼ੀ ਨਹੀਂ ਕੀਤੀ, ਕਤਲ ਹੋਇਆ: ਪੋਸਟਮਾਰਟਮ ਰਿਪੋਰਟ ਦੇ ਹਵਾਲੇ ਨਾਲ ਮਾਪਿਆਂ ਦਾ ਦਾਅਵਾ

ਸਾਨ ਫਰਾਂਸਿਸਕੋ, 01 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)- ਭਾਰਤੀ-ਅਮਰੀਕੀ ਤਕਨੀਸ਼ੀਅਨ ਸੁਚਿਰ ਬਾਲਾਜੀ , ਬੀਤੀ 14 ਦਸੰਬਰ ਨੂੰ ਆਪਣੇ ਸਾਨ ਫਰਾਂਸਿਸਕੋ ਸਥਿਤ ਅਪਾਰਟਮੈਂਟ ਵਿੱਚ ਮ੍ਰਿਤਕ ਪਾਇਆ ਗਿਆ ਸੀ, ਦੇ ਮਾਪਿਆਂ ਨੇ ਉਸ ਦੀ ਮੌਤ ਖ਼ੁਦਕੁਸ਼ੀ ਕਾਰਨ ਹੋਈ ਕਰਾਰ ਦਿੱਤੇ ਜਾਣ ਦੇ ਅਧਿਕਾਰਤ ਦੇ ਫੈਸਲੇ ਨੂੰ ਰੱਦ ਕਰਦਿਆਂ ਦੋਸ਼ ਲਾਇਆ ਹੈ ਕਿ ਉਨ੍ਹਾਂ ਦੇ ਪੁੱਤਰ ਦੀ ਹੱਤਿਆ ਕੀਤੀ ਗਈ ਸੀ।

ਓਪਨ.ਏ.ਆਈ ਦੇ ਇੱਕ ਸਾਬਕਾ ਕਰਮਚਾਰੀ ਸੁਚਿਰ ਨੇ ਜਨਰੇਟਿਵ ਏਆਈ ਨਾਲ ਜੁੜੇ ਇਖ਼ਲਾਕੀ ਸਰੋਕਾਰਾਂ ਬਾਰੇ ਆਪਣੇ ਵਹਿਸਲਬਲੋਇੰਗ ਖੁਲਾਸਿਆਂ ਸਦਕਾ ਸੁਰਖ਼ੀਆਂ ਬਟੋਰੀਆਂ ਸਨ।

ਇਕ ਪ੍ਰਾਈਵੇਟ ਖ਼ਬਰੀ ਚੈਨਲ ਨਾਲ ਇੱਕ ਇੰਟਰਵਿਊ ਵਿੱਚ ਉਸਦੇ ਮਾਪਿਆਂ ਦਾ ਦਾਅਵਾ ਹੈ ਕਿ ਦੂਜੀ ਪੋਸਟਮਾਰਟਮ ਰਿਪੋਰਟ 'ਸੰਘਰਸ਼ ਦੇ ਸੰਕੇਤਾਂ' ਨੂੰ ਦਰਸਾਉਂਦੀ ਹੈ, ਜਿਸ ਵਿੱਚ ਉਸ ਦੇ ਸਿਰ 'ਚ ਸੱਟ ਅਤੇ ਸਦਮਾ ਸ਼ਾਮਲ ਹੈ, ਜੋ ਕਿ ਮੈਡੀਕਲ ਜਾਂਚਕਾਰਾਂ ਦੇ ਦਫਤਰ ਵੱਲੋਂ ਮੌਤ ਨੂੰ ਖੁਦਕੁਸ਼ੀ ਕਰਾਰ ਦੇਣ ਦੇ ਫੈਸਲੇ ਦਾ ਖੰਡਨ ਕਰਦਾ ਹੈ।

ਸੁਚਿਰ ਦੀ ਮਾਂ ਪੂਰਨਿਮਾ ਰਾਮਾਰਾਓ ਨੇ ਖੁਦਕੁਸ਼ੀ ਦੇ ਫੈਸਲੇ 'ਤੇ ਬੇਭਰੋਸਗੀ ਜ਼ਾਹਰ ਕੀਤੀ ਹੈ ਅਤੇ ਕਿਹਾ ਕਿ ਸੁਚਿਰ ਦਾ ਕੋਈ ਖ਼ੁਦਕੁਸ਼ੀ ਨੋਟ ਵੀ ਨਹੀਂ ਮਿਲਿਆ, ਜਿਹੜਾ ਉਨ੍ਹਾਂ ਦੇ ਸ਼ੱਕ ਨੂੰ ਪੁਖ਼ਤਾ ਕਰਦਾ ਹੈ। ਉਨ੍ਹਾਂ ਕਿਹਾ, "ਸਾਡੇ ਕੋਲ ਦੂਜੀ ਪੋਸਟਮਾਰਟਮ ਦੇ ਤੱਥ ਹਨ - ਸਿਰ ਵਿੱਚ ਸੱਟ ਅਤੇ ਸੰਘਰਸ਼ ਦੇ ਸੰਕੇਤ। ਇਹ ਖੁਦਕੁਸ਼ੀ ਨਹੀਂ ਹੈ, ਇਹ ਇੱਕ ਕਤਲ ਹੈ।

ਉਸਦੇ ਪਿਤਾ, ਬਾਲਾਜੀ ਰਾਮਮੂਰਤੀ ਨੇ 22 ਦਸੰਬਰ ਨੂੰ ਕਿਹਾ ਸੀ ਕਿ ਸੁਚਿਰ ਲਾਸ ਏਂਜਲਸ ਦੀ ਯਾਤਰਾ ਤੋਂ ਬਹੁਤ



ਖੁਸ਼ ਪਰਤਿਆ ਸੀ ਅਤੇ ਪੂਰੇ ਜੋਸ਼ ਵਿੱਚ ਸੀ। ਜਦੋਂ ਪੁੱਛਿਆ ਗਿਆ ਕਿ ਕੀ ਸੁਚਿਰ ਨੇ ਕੋਈ ਹੋਰ ਨੌਕਰੀ ਕੀਤੀ, ਤਾਂ ਉਸਦੀ ਮਾਂ ਨੇ ਕਿਹਾ, "ਨਹੀਂ, ਉਸਨੇ ਨਹੀਂ ਕੀਤੀ। ਉਨ੍ਹਾਂ (ਓਪਨ.ਏ.ਆਈ) ਨੇ ਸ਼ਾਇਦ ਉਸਨੂੰ ਧਮਕੀ ਦਿੱਤੀ ਸੀ। ਉਨ੍ਹਾਂ ਨੇ ਉਸਨੂੰ ਕਿਤੇ ਹੋਰ ਕੰਮ ਕਰਨ ਦੀ ਇਜਾਜ਼ਤ ਨਹੀਂ ਦਿੱਤੀ। ਉਸਨੇ ਇੱਕ ਕਾਪੀਰਾਈਟ ਵਕੀਲ ਨਾਲ ਵੀ ਸਲਾਹ ਕੀਤੀ ਅਤੇ ਪਤਾ ਲਗਾਇਆ ਕਿ ਉਹ ਕੁਝ ਗਲਤ ਨਹੀਂ ਕਰ ਰਿਹਾ ਸੀ ਅਤੇ ਉਹ ਉਸਨੂੰ ਦਬਾਅ ਰਹੇ ਸਨ। ਇਸ ਕਾਰਨ ਉਸਨੇ ਨਿਊਯਾਰਕ ਟਾਈਮਜ਼ ਨੂੰ ਇੰਟਰਵਿਊ ਦਿੱਤਾ ਅਤੇ ਨਤੀਜੇ ਵਜੋਂ ਉਸਦੀ ਮੌਤ ਹੋ ਗਈ।

ਪਿਤਾ ਨੇ ਕਿਹਾ, "ਉਹ ਚੈਟ.ਜੀ.ਪੀ.ਟੀ ਦੇ ਕੋਰ ਗਰੁੱਪ ਵਿੱਚ ਕੰਮ ਕਰ ਰਿਹਾ ਸੀ; ਉਹ ਇਕ ਤਰ੍ਹਾਂ ਇਕ ਪੂਰੀ ਚੀਜ਼ ਦਾ ਸਿਰਜਣਹਾਰ ਸੀ। ਉਹ ਚੈਟਜੀਪੀਟੀ ਬਾਰੇ ਬਹੁਤ ਸਾਰੀ ਜਾਣਕਾਰੀ ਰੱਖਦਾ ਸੀ। ਉਸ 'ਤੇ ਹੋਰ ਏਆਈ ਕੰਪਨੀਆਂ ਵਿੱਚ ਕੰਮ ਨਾ ਕਰਨ ਸਬੰਧੀ ਕੁਝ ਪਾਬੰਦੀਆਂ ਸਨ।

ਮਾਪੇ ਚਾਹੁੰਦੇ ਹਨ ਕਿ ਸੱਚਾਈ ਦਾ ਪਤਾ ਲਾਉਣ ਲਈ ਮਾਮਲੇ ਦੀ ਐਫਬੀਆਈ (FBI) ਜਾਂਚ ਕਰਵਾਈ ਜਾਵੇ। ਪੂਰਨਿਮਾ ਨੇ ਭਾਰਤ ਸਰਕਾਰ ਨੂੰ ਵੀ ਇਸ ਸਬੰਧੀ ਹਮਾਇਤ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਐਲਨ ਮਸਕ ਦੇ ਸਮਰਥਨ ਦਾ ਵੀ ਸਵਾਗਤ ਕੀਤਾ ਪਰ ਕਿਹਾ ਕਿ ਉਨ੍ਹਾਂ ਨੇ ਮਸਕ ਤੱਕ ਪਹੁੰਚ ਨਹੀਂ ਕੀਤੀ।

# ਬਰੈਂਪਟਨ ਕੈਸ਼ ਐਂਡ ਕੈਰੀ ਨੇ "ਧਮਾਲ ਆਫ਼ਰ" ਤਹਿਤ ਕੱਢੇ ਪੰਜ ਇਨਾਮ




ਬਰੈਂਪਟਨ 1 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ) - ਬਰੈਂਪਟਨ ਕੈਸ਼ ਐਂਡ ਕੈਰੀ (100 ਕੈਨੇਡੀ) ਵੱਲੋਂ ਕ੍ਰਿਸਮਿਸ ਅਤੇ ਨਵੇਂ ਸਾਲ ਦੇ ਮੌਕੇ ਤੇ ਖ਼ਰੀਦਦਾਰਾਂ ਲਈ ਸ਼ੁਰੂ ਕੀਤੀ ਗਈ "ਧਮਾਲ ਆਫ਼ਰ" ਤਹਿਤ ਅੱਜ ਪੰਜ ਇਨਾਮ ਕੱਢੇ ਗਏ। ਬਰੈਂਪਟਨ ਕੈਸ਼ ਐਂਡ ਕੈਰੀ ਦੀ ਇਸ ਧਮਾਲ ਆਫ਼ਰ ਨੂੰ ਲੈ ਕੇ ਖਰੀਦਦਾਰਾਂ ਦੇ ਵਿੱਚ ਵੀ ਕਾਫ਼ੀ ਉਤਸ਼ਾਹ ਦਿਖਾਈ ਦਿੱਤਾ। ਖਰੀਦਦਾਰਾਂ ਵੱਲੋਂ ਵੀ ਵੱਧ ਚੜ੍ਹ ਕੇ ਇਸ ਧਮਾਲ ਆਫ਼ਰ ਵਿੱਚ ਹਿੱਸਾ ਲਿਆ ਗਿਆ।

ਅੱਜ ਇਹ ਪੰਜ ਇਨਾਮ ਵਿਸ਼ਵ ਪੰਜਾਬੀ ਸਭਾ ਦੇ ਟੀਵੀ ਤੇ ਲਾਈਵ ਹੋ ਕੇ ਪਾਰਦਰਸ਼ੀ ਤਰੀਕੇ ਨਾਲ ਕੱਢੇ ਗਏ। ਡਰਾਅ ਸਿਸਟਮ ਰਾਹੀਂ ਕੱਢੇ ਗਏ ਇਹਨਾਂ ਪੁਰਸਕਾਰਾਂ ਵਿੱਚ ਪਹਿਲਾਂ 65 ਇੰਚ ਟੀਵੀ ਦਾ ਇਨਾਮ ਹਿਮਾਨੀ, ਦੂਸਰਾ ਮਾਈਕ੍ਰੋਵੇਵ ਦਾ ਇਨਾਮ ਮਨਜੋਤ ਰਾਏ, ਤੀਸਰਾ ਫੂਡ ਪ੍ਰੋਸੈਸਰ ਦਾ ਇਨਾਮ ਰਾਜਵੀਰ ਸਿੰਘ, ਚੋਥਾ ਮਿਕਸੀ ਦਾ ਇਨਾਮ ਕੋਮਲਦੀਪ ਸਿੰਘ ਜਦਕਿ ਪੰਜਵਾਂ ਪ੍ਰੈਸ ਦਾ ਇਨਾਮ ਜਸਪ੍ਰੀਤ ਸਿੱਧੂ ਨੂੰ ਨਿਕਲਿਆਂ।

ਇਸ ਦੌਰਾਨ ਬਰੈਂਪਟਨ ਕੈਸ਼ ਐਂਡ ਕੈਰੀ ਦੇ ਸੀ.ਈ.ਓ ਡਾਕਟਰ ਦਲਬੀਰ ਸਿੰਘ ਕਥੂਰੀਆ ਨੇ ਦੱਸਿਆ ਕਿ ਬਰੈਂਪਟਨ ਕੈਸ਼ ਐਂਡ ਕੈਰੀ ਖਰੀਦਦਾਰਾਂ ਦੀ ਪਹਿਲੀ ਪਸੰਦ ਬਣ ਚੁੱਕਿਆ। ਮੌਜੂਦਾ ਸਮੇਂ ਵਿੱਚ ਇਸ ਦੀਆਂ ਪੰਜ ਬਰਾਂਚਾਂ ਆਪਣੀਆਂ ਸੇਵਾਵਾਂ ਦੇ ਰਹੀਆਂ ਹਨ। ਜਦਕਿ ਸਾਲ 2025 ਵਿੱਚ ਜਲਦ ਤਿੰਨ ਹੋਰ ਨਵੀਆਂ ਬਰਾਂਚਾਂ ਖੋਲੀਆਂ ਜਾ ਰਹੀਆਂ ਹਨ ਜਿਨਾਂ ਤੋਂ ਬਾਅਦ ਬਰੈਂਪਟਨ ਕੈਸ਼ ਐਂਡ ਕੈਰੀ ਦੀਆਂ ਕੁੱਲ ਅੱਠ ਬਰਾਂਚਾਂ ਹੋ ਜਾਣਗੀਆਂ। ਉਹਨਾਂ ਕਿਹਾ ਕਿ ਉਹ ਉਮੀਦ ਕਰਦੇ ਹਨ ਕਿ ਖਰੀਦਦਾਰਾਂ ਦਾ ਉਤਸ਼ਾਹ ਤੇ ਵਿਸ਼ਵਾਸ ਇਸੇ ਤਰ੍ਹਾਂ ਬਰਕਰਾਰ ਰਹੇਗਾ ਤੇ ਬਰੈਂਪਟਨ ਕੈਸ਼ ਐਂਡ ਕੈਰੀ ਹਮੇਸ਼ਾ ਲਈ ਉਹਨਾਂ ਦੀ ਪਹਿਲੀ ਪਸੰਦ ਬਣਿਆ ਰਹੇਗਾ।

ਜ਼ਿਕਰਯੋਗ ਹੈ ਕਿ ਬਰੈਂਪਟਨ ਕੈਸ਼ ਐਂਡ ਕੈਰੀ ਤੋਂ ਹਰ ਇੱਕ ਵਸਤੂ ਮਿਲਦੀ ਹੈ। ਸੂਈ ਤੋਂ ਲੈ ਕੇ ਜਹਾਜ਼ ਤੱਕ ਵੀ ਇੱਥੇ ਉਪਲੱਬਧ ਹੈ। ਹਾਲਾਂਕਿ ਜਹਾਜ਼ ਤਾਂ ਇੱਥੇ ਨਹੀਂ ਮਿਲਦਾ, ਪਰ ਜਹਾਜ਼ ਭਰ ਕੇ ਇੱਥੋਂ ਸਾਮਾਨ ਲੈ ਕੇ ਜਾਂ ਸਕਦੇ ਹੋ। ਖ਼ਰੀਦਦਾਰਾਂ ਦੀ ਜ਼ਰੂਰਤ ਨੂੰ ਧਿਆਨ ਵਿੱਚ ਰੱਖਦੇ ਹੋਏ ਇਥੇ ਘਰੇਲੂ ਜਰੂਰਤ ਦਾ ਸਾਮਾਨ, ਨਿੱਤ ਵਰਤੋਂ ਵਿੱਚ ਆਉਣ ਵਾਲਾ ਸਾਮਾਨ, ਸਬਜ਼ੀਆਂ, ਗਰੋਸਰੀ, ਕਰਿਆਨਾ ਦਾ ਸਾਮਾਨ, ਰੈਸਟੋਰੈਂਟ ਇੱਥੋਂ ਤੱਕ ਕੀ ਵਿਆਹ ਦਾ ਸਾਰਾ ਸਾਮਾਨ ਵੀ ਬਰੈਂਪਟਨ ਕੈਸ਼ ਐਂਡ ਕੈਰੀ ਤੇ ਉਪਲੱਬਧ ਕਰਵਾਇਆ ਗਿਆ।
















BRAMPTON
CASH & CARRY

BramptonCashandCarry2023@gmail.co
KENNEDY ROAD S., BRAMPTON ON L6W 3E7, CANADA
905-230-4800

# ਦੁਨੀਆ ਦੇ ਸਿਰਫ਼ 9 ਦੇਸ਼ਾਂ ਕੋਲ ਕਿਉਂ ਹਨ ਪਰਮਾਣੂ ਬੰਬ ? ਜਾਣੋ ਦੂਜੇ ਦੇਸ਼ ਕਿਉਂ ਨਹੀਂ ਬਣਾ ਸਕਦੇ ਇਹ ਮਾਰੂ ਹਥਿਆਰ

ਨਵੀਂ ਦਿੱਲੀ, 01 ਜਨਵਰੀ (ਜਸਵਿੰਦਰ ਸਿੰਘ ਬਿੱਟਾ)-ਦੁਨੀਆ ਦੇ ਸਿਰਫ 9 ਦੇਸ਼ਾਂ ਕੋਲ ਪ੍ਰਮਾਣੂ ਹਥਿਆਰ ਹਨ। ਇਹ ਦੇਸ਼ ਅਮਰੀਕਾ, ਰੂਸ, ਇੰਗਲੈਂਡ, ਫਰਾਂਸ, ਚੀਨ, ਭਾਰਤ, ਪਾਕਿਸਤਾਨ, ਉੱਤਰੀ ਕੋਰੀਆ ਅਤੇ ਇਜ਼ਰਾਈਲ ਹਨ। ਇਸ ਵਿੱਚ ਰੂਸ ਨੇ ਸਭ ਤੋਂ ਵੱਧ ਪ੍ਰਮਾਣੂ ਹਥਿਆਰ ਬਣਾਏ ਹਨ। ਇਸ ਕੋਲ 5580 ਪ੍ਰਮਾਣੂ ਹਥਿਆਰਾਂ ਦਾ ਭੰਡਾਰ ਹੈ। ਇਸ ਤੋਂ ਬਾਅਦ ਅਮਰੀਕਾ ਆਉਂਦਾ ਹੈ, ਜਿਸ ਕੋਲ 5044 ਪ੍ਰਮਾਣੂ ਹਥਿਆਰ ਹਨ। ਕੁੱਲ ਮਿਲਾ ਕੇ, ਪੂਰੀ ਦੁਨੀਆ ਕੋਲ 12,121 ਪ੍ਰਮਾਣੂ ਹਥਿਆਰ ਹਨ, ਜਿਨ੍ਹਾਂ ਵਿੱਚੋਂ ਰੂਸ ਅਤੇ ਅਮਰੀਕਾ ਕੋਲ 90% ਹਨ। ਹੁਣ ਸਵਾਲ ਪੈਦਾ ਹੁੰਦਾ ਹੈ ਕਿ ਅਮਰੀਕਾ, ਰੂਸ, ਚੀਨ ਅਤੇ ਭਾਰਤ ਵਰਗੇ ਸਿਰਫ 9 ਦੇਸ਼ਾਂ ਨੇ ਹੀ ਪ੍ਰਮਾਣੂ ਹਥਿਆਰ ਕਿਉਂ ਬਣਾਏ ? ਇਨ੍ਹਾਂ ਦੇਸ਼ਾਂ ਤੋਂ ਇਲਾਵਾ ਕਈ ਦੇਸ਼ ਅਜਿਹੇ ਹਨ ਜੋ ਫੌਜੀ ਸ਼ਕਤੀ ਅਤੇ ਆਰਥਿਕਤਾ ਦੇ ਮਾਮਲੇ ਵਿਚ ਕਿਸੇ ਤੋਂ ਪਿੱਛੇ ਨਹੀਂ ਹਨ। ਇਸ ਦੇ ਬਾਵਜੂਦ ਇਨ੍ਹਾਂ ਦੇਸ਼ਾਂ ਨੇ ਆਪਣੇ ਲਈ ਪ੍ਰਮਾਣੂ ਬੰਬ ਨਹੀਂ ਬਣਾਏ। ਆਓ ਜਾਣਦੇ ਹਾਂ ਇਸ ਦਾ ਕਾਰਨ ਜਰਮਨੀ, ਦੱਖਣੀ ਕੋਰੀਆ, ਜਾਪਾਨ ਅਤੇ ਆਸਟਰੇਲੀਆ ਅਜਿਹੇ ਦੇਸ਼ ਹਨ ਜੋ ਬਹੁਤ ਸ਼ਕਤੀਸ਼ਾਲੀ ਹਨ। ਇਸ ਦੇ ਬਾਵਜੂਦ ਇਨ੍ਹਾਂ ਦੇਸ਼ਾਂ ਕੋਲ ਪ੍ਰਮਾਣੂ ਹਥਿਆਰ ਨਹੀਂ ਹਨ। ਇਸ ਦੇ ਪਿੱਛੇ ਪਰਮਾਣੂ ਅਪ੍ਰਸਾਰ ਸੰਧੀ (NPT) ਹੈ। ਇਹ ਸੰਧੀ ਵਿਸ਼ਵ ਨੂੰ ਪ੍ਰਮਾਣੂ ਹਥਿਆਰਾਂ ਦੇ ਖਤਰੇ ਤੋਂ ਬਚਾਉਣ ਲਈ 1968 ਵਿੱਚ ਅਪਨਾਈ ਗਈ ਸੀ ਅਤੇ 1970 ਵਿੱਚ ਲਾਗੂ ਹੋਈ ਸੀ। ਹੁਣ ਤੱਕ 190 ਦੇਸ਼ ਇਸ ਸੰਧੀ 'ਤੇ ਦਸਤਖਤ ਕਰ ਚੁੱਕੇ ਹਨ। ਇਹ ਸੰਧੀ ਪ੍ਰਮਾਣੂ ਹਥਿਆਰਾਂ ਦੇ ਫੈਲਾਅ ਨੂੰ ਰੋਕਣ ਅਤੇ ਪ੍ਰਮਾਣੂ ਪ੍ਰੀਖਣਾਂ ਨੂੰ ਰੋਕਣ ਲਈ ਬਣਾਈ ਗਈ ਸੀ। ਇਸ ਸੰਧੀ ਦੇ ਤਹਿਤ ਸਿਰਫ ਅਮਰੀਕਾ, ਰੂਸ, ਬ੍ਰਿਟੇਨ, ਚੀਨ ਅਤੇ ਫਰਾਂਸ ਕੋਲ ਪ੍ਰਮਾਣੂ ਹਥਿਆਰ ਰੱਖਣ ਦਾ ਅਧਿਕਾਰ ਹੈ ਕਿਉਂਕਿ ਇਹ ਉਹ ਦੇਸ਼ ਹਨ ਜਿਨ੍ਹਾਂ ਨੇ ਸੰਧੀ ਦੇ ਲਾਗੂ ਹੋਣ ਤੋਂ ਪਹਿਲਾਂ ਹੀ ਪ੍ਰਮਾਣੂ ਪ੍ਰੀਖਣ ਕੀਤੇ ਸਨ। ਹੁਣ ਤੁਸੀਂ ਸੋਚ ਰਹੇ ਹੋਵੋਗੇ ਕਿ ਜੇਕਰ ਕੋਈ ਪਰਮਾਣੂ ਸ਼ਕਤੀ ਦੇਸ਼ ਉਸ ਦੇਸ਼ 'ਤੇ ਹਮਲਾ ਕਰਦਾ ਹੈ ਜਿਸ ਕੋਲ ਪ੍ਰਮਾਣੂ ਹਥਿਆਰ ਨਹੀਂ ਹਨ ਤਾਂ ਕੀ ਹੋਵੇਗਾ ? ਦਰਅਸਲ, ਪ੍ਰਮਾਣੂ ਅਪ੍ਰਸਾਰ ਸੰਧੀ ਗੈਰ-ਪ੍ਰਮਾਣੂ ਸ਼ਕਤੀ ਵਾਲੇ ਦੇਸ਼ਾਂ ਨੂੰ ਭਰੋਸਾ ਦਿਵਾਉਂਦੀ ਹੈ ਕਿ ਜਦੋਂ ਅਜਿਹੇ ਦੇਸ਼ 'ਤੇ ਹਮਲਾ ਹੁੰਦਾ ਹੈ ਤਾਂ ਪ੍ਰਮਾਣੂ ਸ਼ਕਤੀ ਵਾਲੇ ਮਿੱਤਰ ਦੇਸ਼ ਉਸ ਦੀ ਰੱਖਿਆ ਕਰਨਗੇ। ਇਹ 1950 ਦੇ ਦਹਾਕੇ ਵਿੱਚ ਦੇਖਿਆ ਗਿਆ ਸੀ ਜਦੋਂ ਉੱਤਰੀ ਕੋਰੀਆ ਅਤੇ ਦੱਖਣੀ ਕੋਰੀਆ ਵਿਚਕਾਰ ਯੁੱਧ ਸ਼ੁਰੂ ਹੋਇਆ ਸੀ, ਉਦੋਂ ਅਮਰੀਕਾ ਅਤੇ ਸੰਯੁਕਤ ਰਾਸ਼ਟਰ ਨੇ ਫੌਜੀ ਦਖਲ ਦਿੱਤਾ ਸੀ।



### ਭਾਰਤ ਅਤੇ ਪਾਕਿਸਤਾਨ ਨੇ ਹਥਿਆਰ ਕਿਵੇਂ ਬਣਾਏ ?

ਪ੍ਰਮਾਣੂ ਗੈਰ-ਪ੍ਰਸਾਰਸੰਧੀ ਸਿਰਫ ਅਮਰੀਕਾ, ਰੂਸ, ਬ੍ਰਿਟੇਨ, ਚੀਨ ਅਤੇ ਫਰਾਂਸ ਨੂੰ ਪ੍ਰਮਾਣੂ ਹਥਿਆਰ ਰੱਖਣ ਦੀ ਇਜਾਜ਼ਤ ਦਿੰਦੀ ਹੈ। ਅਜਿਹੀ ਸਥਿਤੀ ਵਿੱਚ ਸਵਾਲ ਇਹ ਉੱਠਦਾ ਹੈ ਕਿ ਭਾਰਤ, ਪਾਕਿਸਤਾਨ, ਉੱਤਰੀ ਕੋਰੀਆ ਅਤੇ ਇਜ਼ਰਾਈਲ ਨੇ ਪ੍ਰਮਾਣੂ ਹਥਿਆਰ ਕਿਵੇਂ ਬਣਾਏ ? ਦਰਅਸਲ, ਭਾਰਤ ਅਤੇ ਪਾਕਿਸਤਾਨ ਨੇ ਕਦੇ ਵੀ ਇਸ ਸੰਧੀ 'ਤੇ ਦਸਤਖਤ ਨਹੀਂ ਕੀਤੇ। ਨਾਲ ਹੀ, ਉੱਤਰੀ ਕੋਰੀਆ ਪਹਿਲਾਂ ਇਸ ਸੰਧੀ ਦਾ ਹਿੱਸਾ ਸੀ, ਪਰ ਬਾਅਦ ਵਿੱਚ ਪ੍ਰਮਾਣੂ ਪ੍ਰੀਖਣ ਕਰਨ ਤੋਂ ਬਾਅਦ, ਇਹ ਦੇਸ਼ ਇਸ ਸੰਧੀ ਤੋਂ ਬਾਹਰ ਹੋ ਗਿਆ। ਇਸੇ ਤਰ੍ਹਾਂ ਇਜ਼ਰਾਈਲ ਨੇ ਵੀ ਗੁਪਤ ਤਰੀਕੇ ਨਾਲ ਇਨ੍ਹਾਂ ਪ੍ਰਮਾਣੂ ਹਥਿਆਰਾਂ ਦਾ ਪ੍ਰੀਖਣ ਕੀਤਾ।




# ਸਰਕਾਰ ਵੱਲੋਂ ਡਾ. ਮਨਮੋਹਨ ਸਿੰਘ ਦੀ ਯਾਦਗਾਰ ਲਈ ਢੁੱਕਵੀਂ ਥਾਂ ਦੀ ਨਿਸ਼ਾਨੇਦੇਹੀ ਦਾ ਅਮਲ ਸ਼ੁਰੂ

ਨਵੀਂ ਦਿੱਲੀ, 01 ਜਨਵਰੀ (ਜਸਵਿੰਦਰ ਸਿੰਘ ਬਿੱਟਾ)- ਸਰਕਾਰ ਨੇ ਸਾਬਕਾ ਪ੍ਰਧਾਨ ਮੰਤਰੀ ਡਾ.ਮਨਮੋਹਨ ਸਿੰਘ ਦੀ ਯਾਦਗਾਰ ਵਾਸਤੇ ਥਾਂ ਦੀ ਨਿਸ਼ਾਨਦੇਹੀ ਲਈ ਅਮਲ ਸ਼ੁਰੂ ਕਰ ਦਿੱਤਾ ਹੈ। ਸਰਕਾਰ ਨੇ ਢੁੱਕਵੀਂ ਥਾਂ ਨੂੰ ਅੰਤਿਮ ਰੂਪ ਦੇਣ ਲਈ ਸਿੰਘ ਦੇ ਪਰਿਵਾਰ ਨਾਲ ਰਾਬਤਾ ਬਣਾਇਆ ਹੋਇਆ ਹੈ। ਸੂਤਰਾਂ ਨੇ ਕਿਹਾ ਕਿ ਸੀਪੀਡਬਲਿਊਡੀ ਅਧਿਕਾਰੀਆਂ ਨੇ ਰਾਸ਼ਟਰੀ ਸਮ੍ਰਿਤੀ ਸਥੱਲ ਵਿਚ ਸੰਜੇ ਗਾਂਧੀ ਦੀ ਯਾਦਗਾਰ ਨੇੜੇ ਦੌਰਾ ਕਰਕੇ ਕੁਝ ਥਾਵਾਂ ਦੀ ਸ਼ਨਾਖ਼ਤ ਕੀਤੀ ਹੈ, ਜਿੱਥੇ ਯਾਦਗਾਰ ਬਣਾਈ ਜਾ ਸਕਦੀ ਹੈ। ਸੂਤਰਾਂ ਨੇ ਕਿਹਾ ਕਿ ਸਰਕਾਰ ਸਾਬਕਾ ਪ੍ਰਧਾਨ ਮੰਤਰੀ ਦੇ ਪਰਿਵਾਰ ਦੇ ਸੰਪਰਕ ਵਿਚ ਹੈ ਤੇ ਯਾਦਗਾਰ ਦੀ ਥਾਂ ਲਈ ਤਿੰਨ ਚਾਰ ਵਿਕਲਪਾਂ ਉੱਤੇ ਵਿਚਾਰ ਚਰਚਾ ਕੀਤੀ ਗਈ ਹੈ। ਉਂਝ ਸੂਤਰਾਂ ਨੇ ਕਿਹਾ ਕਿ ਅਜੇ ਤੱਕ ਕਿਸੇ ਵੀ ਸਾਈਟ ਨੂੰ ਅੰਤਿਮ ਰੂਪ ਨਹੀਂ ਦਿੱਤਾ ਗਿਆ ਤੇ ਸਿੰਘ ਦੇ ਪਰਿਵਾਰ ਦੇ ਸਲਾਹ ਮਸ਼ਵਰੇ ਨਾਲ ਹੀ ਅਗਲਾ ਕਦਮ ਪੁੱਟਿਆ ਜਾਵੇਗਾ। ਕੇਂਦਰ ਸਰਕਾਰ ਯਾਦਗਾਰ ਲਈ ਚੋਣਵੀਂ ਥਾਂ ਅਲਾਟ ਕਰਨ ਤੋਂ ਪਹਿਲਾਂ ਟਰੱਸਟ ਸਥਾਪਿਤ ਕਰੇਗੀ। ਡਾ.ਮਨਮੋਹਨ ਸਿੰਘ ਦਾ 26 ਦਸੰਬਰ ਨੂੰ 92 ਸਾਲ ਦੀ ਉਮਰ ਵਿਚ ਦੇਹਾਂਤ ਹੋ ਗਿਆ ਸੀ। ਕਾਂਗਰਸ ਨੇ ਉਨ੍ਹਾਂ ਦੀਆਂ ਅੰਤਿਮ ਰਸਮਾਂ ਨਿਗਮਬੋਧ ਘਾਟ ਵਿਚ ਕੀਤੇ ਜਾਣ ਲਈ ਕੇਂਦਰ ਸਰਕਾਰ ਦੀ ਆਲੋਚਨਾ ਕੀਤੀ ਸੀ। ਉਦੋਂ ਤੋਂ ਹੁਣ ਤੱਕ ਸਿੰਘ ਦੀ ਯਾਦਗਾਰ ਸਥਾਪਿਤ ਕਰਨ ਨੂੰ ਲੈ ਕੇ ਭਾਜਪਾ ਤੇ ਕਾਂਗਰਸ ਦਰਮਿਆਨ ਸ਼ਬਦੀ ਜੰਗ ਜਾਰੀ ਹੈ।



# ਪੰਜਾਬ ਵਿਚ ਔਰਤਾਂ ਨੇ 14.88 ਕਰੋੜ ਦਾ ਮੁਫ਼ਤ ਬੱਸ ਸਫ਼ਰ ਕੀਤਾ




ਪੰਜਾਬ, 01 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)-ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਹੈ ਕਿ ਟਰਾਂਸਪੋਰਟ ਵਿਭਾਗ ਨੇ ਪਿਛਲੇ ਸਾਲ ਦੇ ਮੁਕਾਬਲੇ ਸਾਲ 2024 ਦੌਰਾਨ ਮਾਲੀਏ ਵਿੱਚ 349.01 ਕਰੋੜ ਰੁਪਏ ਦਾ ਚੋਖਾ ਵਾਧਾ ਦਰਜ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਭਾਗ ਦੇ ਤਿੰਨ ਵਿੰਗਾਂ- ਸਟੇਟ ਟਰਾਂਸਪੋਰਟ ਕਮਿਸ਼ਨਰ (ਐਸ.ਟੀ.ਸੀ.) ਦਫ਼ਤਰ, ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ) ਅਤੇ ਪੰਜਾਬ ਰੋਡਵੇਜ਼/ਪਨਬੱਸ ਨੂੰ ਪਿਛਲੇ ਸਾਲ ਦੇ 3197.28 ਰੁਪਏ ਦੇ ਮੁਕਾਬਲੇ ਸਾਲ 2024 ਦੌਰਾਨ 3546.29 ਕਰੋੜ ਰੁਪਏ ਦੀ ਆਮਦਨ ਹੋਈ ਹੈ, ਜੋ ਮਾਲੀਏ 'ਚ 10.91 ਫ਼ੀਸਦੀ ਵਾਧੇ ਨੂੰ ਦਰਸਾਉਂਦਾ ਹੈ।

ਤਿੰਨੋ ਵਿੰਗਾਂ ਦੀ ਕਾਰਗੁਜ਼ਾਰੀ ਬਾਰੇ ਦੱਸਦਿਆਂ ਸ. ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਐਸ.ਟੀ.ਸੀ. ਦਫ਼ਤਰ ਦਾ ਮਾਲੀਆ 1,855.79 ਕਰੋੜ ਰੁਪਏ ਤੋਂ ਵੱਧ ਕੇ 2,126.53 ਕਰੋੜ ਰੁਪਏ ਹੋ ਗਿਆ ਹੈ। ਉਨ੍ਹਾਂ ਕਿਹਾ ਕਿ 270.74 ਕਰੋੜ ਰੁਪਏ ਦਾ ਇਹ ਵਾਧਾ 14.59 ਫ਼ੀਸਦੀ ਬਣਦਾ ਹੈ। ਉਨ੍ਹਾਂ ਦੱਸਿਆ ਕਿ ਪੀ.ਆਰ.ਟੀ.ਸੀ. ਦੀ ਆਮਦਨ ਵੀ ਸਾਲ 2023 ਵਿੱਚ 892.45 ਕਰੋੜ ਰੁਪਏ ਦੇ ਮੁਕਾਬਲੇ ਸਾਲ 2024 ਵਿੱਚ 900.98 ਕਰੋੜ ਰੁਪਏ ਹੋਈ, ਜੋ 8.53 ਕਰੋੜ ਰੁਪਏ ਦਾ ਵਾਧਾ ਦਰਸਾਉਂਦੀ ਹੈ।

ਪੰਜਾਬ ਰੋਡਵੇਜ਼/ਪਨਬੱਸ ਦੇ ਮਾਲੀਏ ਦੇ ਵੇਰਵੇ ਸਾਂਝੇ ਕਰਦਿਆਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੰਜਾਬ ਰੋਡਵੇਜ਼/ਪਨਬੱਸ ਨੂੰ ਸਾਲ 2023 ਵਿੱਚ 449.04 ਕਰੋੜ ਰੁਪਏ ਪ੍ਰਾਪਤ ਹੋਏ ਸਨ ਅਤੇ ਸਾਲ 2024 ਦੌਰਾਨ ਇਹ ਆਮਦਨ ਵਧ ਕੇ 518.78 ਕਰੋੜ ਰੁਪਏ ਹੋ ਗਈ ਅਤੇ 69.74 ਕਰੋੜ ਰੁਪਏ ਦੀ ਵਧੀ ਆਮਦਨ 15.53 ਫ਼ੀਸਦੀ ਬਣਦੀ ਹੈ।

# ਅਮਰੀਕਾ 'ਚ ਭਿਆਨਕ ਹਾਦਸਾ, 12 ਲੋਕਾਂ ਦੀ ਮੌਤ, 30 ਜ਼ਖਮੀ


ਅਮਰੀਕਾ, 01 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)-ਅਮਰੀਕਾ 'ਚ ਬੁੱਧਵਾਰ ਨੂੰ ਨਿਊ ਓਰਲੀਨਜ਼ ਕੈਨਾਲ ਅਤੇ ਬੋਰਬਨ ਸਟਰੀਟ 'ਤੇ ਇਕ ਕਾਰ ਭੀੜ 'ਤੇ ਚੜ੍ਹ ਜਾਣ ਕਾਰਨ 12 ਲੋਕਾਂ ਦੀ ਮੌਤ ਹੋ ਗਈ ਅਤੇ 30 ਜ਼ਖਮੀ ਹੋ ਗਏ। ਇਹ ਜਾਣਕਾਰੀ ਸ਼ਹਿਰ ਦੀ ਐਮਰਜੈਂਸੀ ਤਿਆਰ ਕਰਨ ਵਾਲੀ ਏਜੰਸੀ ਨੋਲਾ ਰੈਡੀ ਨੇ ਦਿੱਤੀ। ਨਿਊ ਓਰਲੀਨਜ਼ ਪੁਲਿਸ ਨੇ ਪਹਿਲਾਂ ਕਿਹਾ ਸੀ ਕਿ ਉਹ ਇੱਕ ਵੱਡੇ ਨੁਕਸਾਨ ਦੀ ਘਟਨਾ ਵਰਗੀ ਸਥਿਤੀ ਨਾਲ ਨਜਿੱਠ ਰਹੇ ਹਨ। ਨੋਲਾ ਰੈਡੀ ਨੇ ਲੋਕਾਂ ਨੂੰ ਇਲਾਕੇ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ। ਅਧਿਕਾਰੀਆਂ ਮੁਤਾਬਕ ਇਹ ਘਟਨਾ ਅਮਰੀਕਾ ਦੇ ਨਿਊ ਓਰਲੀਨਜ਼ ਸ਼ਹਿਰ 'ਚ ਕੈਨਾਲ ਅਤੇ ਬੋਰਬਨ ਸਟ ?ਰੀਟ ਦੇ ਚੌਰਾਹੇ 'ਤੇ ਵਾਪਰੀ। ਇੱਥੇ ਲੋਕ ਨਵੇਂ ਸਾਲ ਦਾ ਜਸ਼ਨ ਮਨਾ ਰਹੇ ਸਨ। ਉਦੋਂ ਇੱਕ ਪਿਕਅੱਪ ਟਰੱਕ ਨੇ ਭੀੜ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਵੱਡਾ ਹਾਦਸਾ ਵਾਪਰ ਗਿਆ। ਨਿਊ ਓਰਲੀਨਜ਼ ਪੁਲਿਸ ਨੇ ਪਹਿਲਾਂ ਕਿਹਾ ਸੀ ਕਿ ਉਹ ਵੱਡੇ ਨੁਕਸਾਨ ਦੀ ਸਥਿਤੀ ਨਾਲ ਨਜਿੱਠ ਰਹੇ ਹਨ। ਨੋਲਾ ਰੈਡੀ ਨੇ ਲੋਕਾਂ ਨੂੰ ਇਲਾਕੇ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ। ਇਸ ਵਿਚ ਕਿਹਾ ਗਿਆ ਹੈ ਕਿ ਜ਼ਖਮੀਆਂ ਨੂੰ ਪੰਜ ਸਥਾਨਕ ਹਸਪਤਾਲਾਂ ਵਿਚ ਭਰਤੀ ਕਰਵਾਇਆ ਗਿਆ ਹੈ।

# ਮਰਨ ਵਰਤ: ਪੰਜਾਬ ਸਰਕਾਰ ਦੀ ਟੇਕ ਹੁਣ ਕੇਂਦਰ 'ਤੇ

ਚੰਡੀਗੜ੍ਹ,01 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)-ਖਨੌਰੀ ਬਾਰਡਰ 'ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਾਮਲੇ 'ਚ ਪੰਜਾਬ ਸਰਕਾਰ ਦੀ ਟੇਕ ਹੁਣ ਕੇਂਦਰ ਸਰਕਾਰ 'ਤੇ ਹੈ। ਉਂਜ, ਸੁਪਰੀਮ ਕੋਰਟ ਵੱਲੋਂ ਅੱਜ ਦੋ ਦਿਨਾਂ ਦੀ ਮੋਹਲਤ ਦਿੱਤੇ ਜਾਣ ਨਾਲ ਸੂਬਾ ਸਰਕਾਰ ਨੂੰ ਆਰਜ਼ੀ ਰਾਹਤ ਜ਼ਰੂਰ ਮਿਲੀ ਹੈ। ਪੰਜਾਬ ਸਰਕਾਰ ਦੀਆਂ ਨਜ਼ਰਾਂ ਹੁਣ ਕੇਂਦਰ ਸਰਕਾਰ 'ਤੇ ਲੱਗੀਆਂ ਹੋਈਆਂ ਹਨ ਕਿ ਕੇਂਦਰ ਸਰਕਾਰ ਕਿਸਾਨਾਂ ਨੂੰ ਗੱਲਬਾਤ ਦਾ ਰਸਮੀ ਸੱਦਾ ਕਦੋਂ ਭੇਜਦੀ ਹੈ। ਇਸ ਮਾਮਲੇ ਦੀ ਅਗਲੀ ਸੁਣਵਾਈ ਸੁਪਰੀਮ ਕੋਰਟ ਵਿੱਚ 2 ਜਨਵਰੀ ਨੂੰ ਹੋਣੀ ਹੈ।

ਪੰਜਾਬ ਦੇ ਐਡਵੋਕੇਟ ਜਨਰਲ ਨੇ ਦਾਇਰ ਹਲਫ਼ੀਆ ਬਿਆਨ 'ਚ ਕਿਹਾ ਹੈ ਕਿ ਕਿਸਾਨਾਂ ਵੱਲੋਂ ਕੇਂਦਰ ਨੂੰ ਪ੍ਰਸਤਾਵ ਭੇਜਿਆ ਗਿਆ ਹੈ ਕਿ ਜੇ ਕੇਂਦਰ ਗੱਲਬਾਤ ਦਾ ਰਾਹ ਖੋਲ੍ਹਦਾ ਹੈ ਤਾਂ ਉਹ ਮੈਡੀਕਲ ਸਹਾਇਤਾ ਲੈਣ ਬਾਰੇ ਸੋਚ ਸਕਦੇ ਹਨ। ਪੰਜਾਬ ਸਰਕਾਰ ਨੂੰ ਅੱਜ ਕੇਂਦਰ ਸਰਕਾਰ ਦੇ ਸੱਦੇ ਦੀ ਉਡੀਕ ਬਣੀ ਰਹੀ। ਸੂਬਾ ਸਰਕਾਰ ਇਸ ਗੱਲੋਂ ਵੀ ਰਾਹਤ ਮਹਿਸੂਸ ਕਰ ਰਹੀ ਹੈ ਕਿ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਨੇ ਗੱਲਬਾਤ ਲਈ ਹਾਮੀ ਭਰੀ ਹੈ।

ਸੂਤਰ ਦੱਸਦੇ ਹਨ ਕਿ ਕੇਂਦਰੀ ਖੇਤੀ ਮੰਤਰਾਲਾ ਗੱਲਬਾਤ ਲਈ ਸੱਦਾ ਭੇਜਦਾ ਹੈ ਤਾਂ ਮਰਨ ਵਰਤ 'ਤੇ ਬੈਠੇ ਡੱਲੇਵਾਲ ਦੀ ਜ਼ਿੰਦਗੀ ਦਾ ਫ਼ੌਰੀ ਖ਼ਤਰਾ ਟਲ ਜਾਵੇਗਾ। ਪੰਜਾਬ ਸਰਕਾਰ ਪਿਛਲੇ ਕੁੱਝ ਦਿਨਾਂ ਤੋਂ ਇਸ ਮਾਮਲੇ 'ਤੇ ਕਾਫ਼ੀ ਚਿੰਤਤ ਹੈ। ਮੁੱਖ ਮੰਤਰੀ ਭਗਵੰਤ ਮਾਨ ਲਗਾਤਾਰ ਉੱਚ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕਰ ਰਹੇ ਹਨ। ਉਹ ਕਿਸੇ ਸੂਰਤ 'ਚ ਕਿਸਾਨਾਂ ਨਾਲ ਟਕਰਾਅ ਵਿੱਚ ਨਹੀਂ ਪੈਣਾ ਚਾਹੁੰਦੇ। ਸੂਬਾ ਸਰਕਾਰ ਕੋਲ ਜੋ ਬੀਤੇ ਕੱਲ੍ਹ 'ਪੰਜਾਬ ਬੰਦ' ਦੀ ਰਿਪੋਰਟ ਪਹੁੰਚੀ ਹੈ, ਉਸ ਅਨੁਸਾਰ ਇਸ ਨੂੰ ਪੂਰਨ ਹੁੰਗਾਰਾ ਮਿਲਿਆ ਹੈ।










# ਡੌਂਕੀ ਲਾ ਕੇ ਅਮਰੀਕਾ ਗਏ 2,647 ਭਾਰਤੀ ਗ੍ਰਿਫਤਾਰ,ਹੋਣਗੇ ਡਿਪੋਰਟ !

ਅਮਰੀਕਾ, 01 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)-ਅਮਰੀਕਾ ਵਿੱਚ ਰਹਿਣ ਵਾਲੇ ਭਾਰਤੀਆਂ ਨੂੰ ਉਥੋਂ ਦੇ ਸਮਾਜ ਵਿੱਚ ਸਭ ਤੋਂ ਵੱਕਾਰੀ ਭਾਈਚਾਰਿਆਂ ਵਿੱਚੋਂ ਇੱਕ ਵਜੋਂ ਦੇਖਿਆ ਜਾਂਦਾ ਹੈ। ਉਨ੍ਹਾਂ ਵਿੱਚ, ਸਿੱਖਿਆ, ਕਮਾਈ, ਜੀਵਨ ਪੱਧਰ, ਸਭ ਕੁਝ ਔਸਤ ਅਮਰੀਕੀਆਂ ਨਾਲੋਂ ਬਿਹਤਰ ਹੈ। ਇਸ ਸਮੇਂ ਅਮਰੀਕਾ ਵਿਚ ਲਗਭਗ 40 ਲੱਖ ਭਾਰਤੀ ਰਹਿੰਦੇ ਹਨ। ਪਰ ਕੁਝ ਭਾਰਤੀਆਂ ਦੀਆਂ ਗ਼ਲਤੀਆਂ ਕਾਰਨ ਇੰਨੇ ਵੱਡੇ ਭਾਈਚਾਰੇ ਨੂੰ ਸ਼ਰਮਿੰਦਗੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਜਿਹੇ ਵਿੱਚ ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਇੱਕ ਬਹਾਨਾ ਮਿਲ ਗਿਆ ਹੈ। ਉਹ ਇਸ ਬਹਾਨੇ ਭਾਰਤੀਆਂ ਨੂੰ ਕੋਸ ਸਕਦਾ ਹੈ। ਦਰਅਸਲ ਅਮਰੀਕਾ 'ਚ ਸੱਤਾ ਸੰਭਾਲਣ ਤੋਂ ਪਹਿਲਾਂ ਡੋਨਾਲਡ ਟਰੰਪ ਨੇ ਸੰਕੇਤ ਦਿੱਤੇ ਹਨ ਕਿ ਉਹ ਗੈਰ-ਕਾਨੂੰਨੀਪ੍ਰਵਾਸੀਆਂ ਨੂੰ ਵਾਪਸ ਭੇਜਣ ਦੀ ਨੀਤੀ ਨੂੰ ਹੋਰ ਸਖਤ ਕਰਨਗੇ। ਇਸ ਦੌਰਾਨ, 19 ਦਸੰਬਰ ਨੂੰ ਜਾਰੀ ਕੀਤੀ ਗਈ ਯੂਐਸ ਇਮੀਗ੍ਰੇਸ਼ਨ ਐਂਡ ਕਸਟਮਜ਼ ਐਨਫੋਰਸਮੈਂਟ (ਆਈਸੀਈ) ਦੀ 2024 ਦੀ ਸਾਲਾਨਾ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਇਸ ਸਾਲ 2,647 ਭਾਰਤੀਆਂ ਨੂੰ ਇਮੀਗ੍ਰੇਸ਼ਨ ਉਲੰਘਣਾ ਦੇ ਦੋਸ਼ਾਂ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ ਅਤੇ ਇਨ੍ਹਾਂ ਸਾਰਿਆਂ ਨੂੰ ਡਿਪੋਰਟ ਕੀਤੇ ਜਾਣ ਦੀ ਸੰਭਾਵਨਾ ਹੈ।

**2647 ਭਾਰਤੀ ਹਿਰਾਸਤ ਵਿੱਚ**

ਇਨ੍ਹਾਂ ਉਲੰਘਣਾਵਾਂ ਵਿੱਚ, ਜ਼ਿਆਦਾਤਰ ਮਾਮਲਿਆਂ ਵਿੱਚ ਵੀਜ਼ਾ ਤੋਂ ਵੱਧ ਸਮਾਂ ਰਹਿਣਾ ਜਾਂ ਗੈਰ-ਕਾਨੂੰਨੀਢੰਗ ਨਾਲ ਸੰਯੁਕਤ ਰਾਜ ਵਿੱਚ ਦਾਖਲ ਹੋਣਾ ਸ਼ਾਮਲ ਹੈ। ਰਿਪੋਰਟ ਮੁਤਾਬਕ ਭਾਰਤ ਉਨ੍ਹਾਂ ਦੇਸ਼ਾਂ 'ਚ ਚੌਥੇ ਨੰਬਰ 'ਤੇ ਹੈ, ਜਿਨ੍ਹਾਂ ਦੇ ਨਾਗਰਿਕਾਂ ਨੂੰ ਸਭ ਤੋਂ ਜ਼ਿਆਦਾ ਗ੍ਰਿਫਤਾਰ ਕੀਤਾ ਗਿਆ ਹੈ, ਜਦਕਿ ਪਹਿਲੇ ਤਿੰਨ ਸਥਾਨਾਂ 'ਤੇ ਮੈਕਸੀਕੋ (5,089), ਹੌਂਡੂਰਸ (2,957) ਅਤੇ ਗੁਆਟੇਮਾਲਾ (2,713) ਹਨ, ਜੋ ਅਮਰੀਕਾ ਦੇ ਨੇੜੇ ਸਥਿਤ ਹਨ। 935 ਇਹਨਾਂ ਵਿਅਕਤੀਆਂ ਨੂੰ ਦੇਸ਼ ਨਿਕਾਲਾ ਦੇਣ ਦੀ ਯੋਜਨਾ ਬਣਾ ਰਿਹਾ ਹੈ ਅਤੇ ਇਸਦੇ ਲਈ ਵਿਸ਼ੇਸ਼ ਚਾਰਟਰਡ ਉਡਾਣਾਂ ਦੀ ਵਰਤੋਂ ਕਰ ਸਕਦਾ ਹੈ। ਏਜੰਸੀ ਦੇ ਸੂਤਰਾਂ ਨੇ ਦੱਸਿਆ ਕਿ ਆਈਸੀਈ ਕੋਲ 18,000 ਭਾਰਤੀਆਂ ਦੀ ਸੂਚੀ ਹੈ, ਜਿਨ੍ਹਾਂ ਦੇ ਖਿਲਾਫ ਬਰਖਾਸਤਗੀ ਦੇ ਹੁਕਮ ਹਨ ਅਤੇ ਇਨ੍ਹਾਂ ਵਿੱਚੋਂ 2,647 ਭਾਰਤੀ ਇਸ ਸਮੇਂ ਹਿਰਾਸਤ ਵਿੱਚ ਹਨ।




ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਜਿੰਦ-ਜਾਣ ਸਾਹਿਤਕ, ਸਭਿਆਚਾਰਕ ਅਤੇ ਖੇਡ-ਮੇਲਿਆਂ ਵਿੱਚ ਮਿੱਠੀ ਮਿੱਠੀ ਸ਼ਬਦਾਵਲੀ, ਸ਼ੇਅਰੋ ਸ਼ਾਇਰੀ ਅਤੇ ਕਥਾ ਕਹਾਣੀਆਂ ਨਾਲ ਮਨੋਰੰਜਕ ਪੇਸ਼ਕਾਰੀ ਲਈ ਸਟੇਜ ਸੰਚਾਲਨ ਵਾਸਤੇ ਹਮੇਸ਼ਾ ਯਾਦ ਰੱਖੋ

ਡਾ: ਦਰਸ਼ਨਦੀਪ ਅਰੋੜਾ

ਕੋ- ਹੋਸਟ



(ਰੇਡੀਓ ਪ੍ਰੋਗਰਾਮ ਸਤਰੰਗ 1350 AM)
ਸੋਮਵਾਰ ਤੋਂ ਸ਼ੁੱਕਰਵਾਰ ਤੱਕ 10 ਤੋਂ 11 ਵਜੇ ਤੱਕ
ਸੰਪਰਕ ਕਰੋ :
+1 437-243-3091

ਖੁਸ਼ਖਬਰੀ ! ਖੁਸ਼ਖਬਰੀ ! ਖੁਸ਼ਖਬਰੀ !
ਹੁਣ ਤੁਹਾਡੀ ਸੇਵਾ ਵਿੱਚ BRAMPTON CASH & CARRY
ਇੱਕ ਨਵੀਂ ਬ੍ਰਾਂਚ ਬਹੁਤ ਜ਼ਲਦ ਖੁੱਲ ਰਹੀ ਹੈ
3643 Portage Rd, Niagara Falls
416-700-9100

# ਹਜ਼ਾਰਾਂ ਦੀ ਗਿਣਤੀ 'ਚ ਫੜੀਆਂ ਨਸ਼ੀਲੀਆਂ ਗੋਲੀਆਂ, ਪੁਲਿਸ ਨੇ ਮੁਲਜ਼ਮ ਨੂੰ ਕੀਤਾ ਕਾਬੂ

ਫ਼ਰੀਦਕੋਟ 01 ਜਨਵਰੀ (ਵਿਸ਼ਵ ਪੰਜਾਬੀ ਸਾਂਝ ਕੈਨੇਡਾ)- ਫ਼ਰੀਦਕੋਟ ਜ਼ਿਲ੍ਹਾ ਪੁਲਿਸ ਨੇ ਨਸ਼ੀਲੀ ਦਵਾਈਆਂ ਦੀ ਇੱਕ ਵੱਡੀ ਖੇਪ ਦੇ ਨਾਲ ਕਾਰ ਸਵਾਰ ਇੱਕ ਨਸ਼ਾ ਤਸਕਰ ਨੂੰ ਗ੍ਰਿਫਤਾਰ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਪਿੰਡ ਸੰਗਰਾਹੂਰ ਦੇ ਰਹਿਣ ਵਾਲੇ ਬੱਬਲਜੀਤ ਸਿੰਘ ਵਜੋਂ ਹੋਈ ਹੈ, ਜਿਸ ਪਾਸੋਂ 2740 ਨਸ਼ੀਲੀ ਗੋਲੀਆਂ 4500 ਨਸ਼ੀਲੇ ਕੈਪਸੂਲ ਅਤੇ 350 ਨਸ਼ੀਲੀ ਸ਼ੀਸ਼ੀਆਂ ਬਰਾਮਦ ਹੋਈਆਂ ਹਨ। ਉਸ ਦੇ ਖ਼ਿਲਾਫ਼ ਥਾਣਾ ਸਾਦਿਕ ਵਿਖੇ ਐਨਡੀਪੀਐਸ ਐਕਟ ਦੇ ਤਹਿਤ ਮੁਕੱਦਮਾ ਦਰਜ ਕਰ ਕੇ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਮਾਮਲੇ ਵਿੱਚ ਮੁਲਜ਼ਮ ਦੀ ਪੁੱਛਗਿੱਛ ਤੋਂ ਬਾਅਦ ਪਿੰਡ ਬਿਹਬਲ ਖ਼ੁਰਦ ਦੇ ਰਹਿਣ ਵਾਲੇ ਆਲਮਦੀਪ ਸਿੰਘ ਨਾਮਕ ਵਿਅਕਤੀ ਨੂੰ ਵੀ ਗ੍ਰਿਫਤਾਰ ਕੀਤਾ ਗਿਆ

ਇਸ ਮਾਮਲੇ ਵਿੱਚ ਡੀ.ਐਸ.ਪੀ ਤਰਲੋਚਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਥਾਣਾ ਸਾਦਿਕ ਦੇ ਏਐਸਆਈ ਜੈਜੀਤ ਸਿੰਘ ਦੀ ਅਗਵਾਈ ਹੇਠ ਪੁਲਿਸ ਪਾਰਟੀ ਨੇ ਗਸ਼ਤ ਅਤੇ ਚੈਕਿੰਗ ਦੇ ਦੌਰਾਨ ਪਿੰਡ ਸੰਗਰਾਹੂਰ ਦੇ ਨੇੜਿਉਂ ਕਾਰ ਸਵਾਰ ਬਬਲਜੀਤ ਸਿੰਘ ਨੂੰ ਸ਼ੱਕ ਦੇ ਆਧਾਰ ਤੇ ਕਾਬੂ ਕੀਤਾ ਅਤੇ ਸੂਚਨਾ ਤੋਂ ਬਾਅਦ ਉਹ ਵੀ ਮੌਕੇ 'ਤੇ ਪੁੱਜੇ ਅਤੇ ਉਨ੍ਹਾਂ ਦੀ ਨਿਗਰਾਨੀ ਵਿੱਚ ਤਲਾਸ਼ੀ ਲਏ ਜਾਣ ਤੇ ਕਾਰ ਵਿੱਚੋਂ 2740 ਨਸ਼ੀਲੀ ਗੋਲੀਆਂ, 4500 ਕੈਪਸੂਲ ਅਤੇ 350 ਸ਼ੀਸ਼ੀਆਂ ਬਰਾਮਦ ਹੋਈਆਂ। ਮੁਲਜ਼ਮਾਂ ਨਾਲ ਪੁੱਛਗਿੱਛ ਤੋਂ



ਬਾਅਦ ਪੁਲਿਸ ਵੱਲੋਂ ਰਿਮਾਂਡ ਹਾਸਿਲ ਕੀਤਾ ਗਿਆ ਹੈ ਅਤੇ ਹੋਰ ਖ਼ੁਲਾਸੇ ਹੋਣ ਸੰਭਾਵਨਾ ਜਤਾਈ ਜਾ ਰਹੀ ਹੈ।


Weight 10 Pond
Price $5.99
BRAMPTON CASH & CARRY
BramptonCashandCarry2023@gmail.co
KENNEDY ROAD S., BRAMPTON ON L6W 3E7, CANADA
905-230-4800

# BRAMPTON CASH AND CARRY

| | |
|---|---|
| WHOLESALER | IMPORTER |
| DISTRIBUTOR | RETAILER |

**Wholesaler, Importer, Distributor & Retailer of Restaurants Supply**








BRAMPTON
CASH & CARRY

Brampton CashandCarry2023@gmail.com

**905-230-4800**

**100 Kennedy Road S., Brampton, ON L6W 3E7**

HURRY!

SPECIAL OFFER

BRAMPTON CASH & CARRY
Importer | Wholesaler | Retailer

WHITE ONION– 50 POUND

22 $




BUY NOW

T&C APPLY

100 Kennedy Rd S,
Brampton, ON L6W 3E7, Canada

905-230-4800

HURRY!

SPECIAL OFFER

BRAMPTON CASH & CARRY
Importer | Wholesaler | Retailer

BRAR BESAN SUPER FINE

9.99 $




BRAR SWEET CORN FLOUR




4.99 $

SHER WHITE WHOLE WHEAT ATTA

15.99 $




BUY NOW

T&C APPLY

100 Kennedy Rd S,
Brampton, ON L6W 3E7, Canada

905-230-4800


AAPKI PASAND AAPKA SWAAD
DURUM CHAKKI
ATTA
Aapki
PASAND
AAPKA SWAAD
ਆਟਾ
आटा
Indian Style
DURUM
CHAKKI
ATTA
FARINE DE BLÉ
WHOLE WHEAT 100% BLÉ ENTIER
9.07 KG
(20 LB)
WEIGHT
20LB
PRICE
$9.99
BRAMPTON
CASH & CARRY
Importer | Wholesaler | Retailer
6HR
SOFTNESS
BEST FOR ROLLS, PARANTHAS. POORIS & HOTBREADS


GRAND
OPENING
3643 PORTAGE RD, NIAGARA FALLS
CONTACT : +1 (416)700-9100
COMING
SOON
BRAMPTON CASH
AND CARRY
BRAMPTON
CASH & CARRY
IMPORTER | WHOLESALER| RETAILER
BRAMPTON
CASH & CARRY
Importer | Wholesaler | Retailer
OPEN EVERYDAY FROM
9:00 AM TO 9:00 PM